# ਦਫਤਰ ਜਿਲ੍ਹਾ ਮੈਜਿਸਟਰੇਟ ਸੰਗਰੂਰ

(ਫੁਟਕਲ ਸ਼ਾਖਾ)

ਮਿਤੀ : 21.3.2020

ਨੰਬਰ 49 /ਐਮ.ਏ.

## ਹੁਕਮ

ਜਿਵੇਂ ਕਿ ਮੇਰੇ ਧਿਆਨ ਵਿੱਚ ਆਇਆ ਹੈ ਕਿ ਕੋਵਿਡ-19 (ਕਰੋਨਾ ਵਾਇਰਸ) ਦੀ ਬਿਮਾਰੀ ਵਿਸ਼ਵ ਭਰ ਵਿੱਚ ਫੈਲੀ ਹੋਈ ਹੈ। ਜਿਸ ਨੂੰ ਮੁੱਖ ਰੱਖਦੇ ਹੋਏ ਪੰਜਾਬ ਸਰਕਾਰ ਵੱਲੋ ਜਾਰੀ ਨੋਟੀਫਿਕੇਸ਼ਨ ਨੰ:14/7/2020-4/677 ਮਿਤੀ 05.03.2020 ਰਾਹੀਂ ਕਰੋਨਾ ਵਾਇਰਸ ਨੂੰ ਮਹਾਂਮਾਰੀ ਘੋਸ਼ਿਤ ਕਰ ਦਿੱਤਾ ਗਿਆ ਹੈ। ਹੁਣ ਤੱਕ ਪੰਜਾਬ ਵਿੱਚ ਕਰੋਨਾ ਵਾਇਰਸ ਦੇ 13 ਕੇਸ ਪੋਜਟਿਵ ਆ ਚੁੱਕੇ ਹਨ ਪਰੰਤੂ ਜਿਲ੍ਹਾ ਸੰਗਰੂਰ ਵਿੱਚ ਅਜੇ ਤੱਕ ਕੋਈ ਵੀ ਕੇਸ ਪੋਜੀਟਿਵ ਨਹੀ ਆਇਆ ਹੈ। ਇਸ ਮਹਾਂਮਾਰੀ ਦੇ ਫੈਲਾਅ ਨੂੰ ਰੋਕਣ ਸਬੰਧੀ ਕੁਝ ਪਾਬੰਦੀਆਂ ਲਗਾਉਣੀਆਂ ਹੁਣ ਲਾਜ਼ਮੀ ਹੋ ਗਈਆਂ ਹਨ।

ਇਸ ਲਈ ਮੈਂ ਘਨਸ਼ਿਆਮ ਥੋਰੀ, ਆਈ.ਏ.ਐਸ., ਜਿਲ੍ਹਾ ਮੈਜਿਸਟ੍ਰੇਟ, ਸੰਗਰੂਰ ਫੌਜਦਾਰੀ ਜਾਬਤਾ ਸੰਘਤਾ 1973 (1974 ਦਾ ਐਕਟ ਨੰ:2) ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਾ ਹੋਇਆ ਆਮ ਜਨਤਾ ਦੀ ਸੁਰੱਖਿਆ ਲਈ ਮਹਾਂਮਾਰੀ ਦੇ ਪ੍ਰਭਾਵ ਤੋਂ ਬਚਣ ਲਈ ਹੁਕਮ ਜਾਰੀ ਕਰਦਾ ਹਾਂ ਕਿ ਜਿਲ੍ਹੇ ਸੰਗਰੂਰ ਦੀ ਹਦੂਦ ਅੰਦਰ ਬਾਜ਼ਾਰ, ਦੁਕਾਨਾਂ ਅਤੇ ਕਾਰੋਬਾਰ ਨੂੰ ਬੰਦ ਕੀਤਾ ਜਾਂਦਾ ਹੈ। ਇਹਨਾਂ ਹੁਕਮਾਂ ਦੀ ਛੋਟ ਜ਼ਰੂਰੀ ਵਸਤਾਂ ਦੀ ਸਪਲਾਈ ਨੂੰ ਹੋਵੇਗੀ ਜਿਵੇਂ ਕਿ:

1. ਪੀਣ ਵਾਲੇ ਪਦਾਰਥ ਦੀ ਸਪਲਾਈ,
2. ਤਾਜਾ ਫ਼ਲ ਅਤੇ ਸਬਜੀਆਂ,
3. ਪੀਣ ਵਾਲਾ ਪਾਣੀ,
4. ਪਸ਼ੂਆਂ ਲਈ ਚਾਰਾ,
5. ਸਾਰੇ ਖਾਣ-ਪੀਣ ਵਾਲੀਆਂ ਵਸਤੂਆਂ ਬਣਾਉਣ ਵਾਲੇ ਕਾਰੋਬਾਰ/ਉਦਯੋਗ,
6. ਪੈਟਰੋਲ/ਡੀਜਲ ਅਤੇ ਸੀ.ਐਨ.ਜੀ. ਪੰਪ, ਰਾਈਸ ਸ਼ੈਲਰ (ਜਿੰਨ੍ਹਾਂ ਵਿੱਚ ਮਿਲਿੰਗ ਚੱਲ ਰਹੀ ਹੋਵੇ),
7. ਦੁੱਧ ਦੇ ਪਲਾਂਟ,
8. ਡੇਅਰੀ ਯੂਨਿਟ,
9. ਪਸ਼ੂਆਂ ਦਾ ਚਾਰਾ ਬਣਾਉਣ ਵਾਲੇ ਯੂਨਿਟ ਅਤੇ ਚਰਗਾਹਾਂ,
10. ਘਰੇਲੂ ਅਤੇ ਕਮਰਸ਼ੀਅਲ ਐਲ.ਪੀ.ਜੀ. ਸਲੰਡਰਾਂ ਦੀ ਸਪਲਾਈ,
11. ਦਵਾਈਆਂ ਦੀਆਂ ਦੁਕਾਨਾਂ,
12. ਮੈਡੀਕਲ ਸਟੋਰਾਂ ਵਿੱਚ ਮਿਲਣ ਵਾਲੇ ਸਿਹਤ ਸੇਵਾਵਾਂ ਸਬੰਧੀ ਪਦਾਰਥ,
13. ਸਿਹਤ ਸੇਵਾਵਾਂ, ਮੈਡੀਕਲ ਵਰਤੋਂ ਵਿੱਚ ਆਉਣ ਵਾਲੇ ਯੰਤਰਾਂ ਦਾ ਉਤਪਾਦਨ,
14. ਸੰਚਾਰ ਸੇਵਾਵਾਂ,
15. ਇੰਸ਼ੋਰੈਂਸ ਸੇਵਾਵਾਂ,
16. ਬੈਂਕ ਅਤੇ ਏ.ਟੀ.ਐਮ ਸੇਵਾਵਾਂ,
17. ਡਾਕਖਾਨਾ,
18. ਕਣਕ/ਚਾਵਲ ਦੀ ਢੋਆ-ਢੁਆਈ,
19. ਰੋਜ਼ਾਨਾ ਵਰਤੋਂ ਵਿੱਚ ਆਉਣ ਵਾਲੇ ਜ਼ਰੂਰੀ ਸਮਾਨ/ਜ਼ਰੂਰੀ ਸੇਵਾਵਾਂ ਦੀ ਟਰਾਂਸਪੋਰਟੇਸ਼ਨ
20. ਅਨਾਜ਼ ਦੀ ਖਰੀਦ/ਭੰਡਾਰਣ ਲਈ ਵਰਤੇ ਜਾਣ ਵਾਲੇ ਪਦਾਰਥ ਜਿਵੇਂਕਿ:- ਬਾਰਦਾਨਾ, ਥੈਲੇ, ਕਰੇਟ, ਤਰਪਾਲਾਂ/ਕਵਰ, ਜਾਲੀਆਂ, ਸਲਫਾਸ, ਕੀਟਨਾਸ਼ਕ ਆਦਿ,
21. ਬਿਜਲੀ ਦੀ ਨਿਰਵਿਘਨ ਸਪਲਾਈ ਲਈ ਲੋੜੀਂਦੇ ਕੰਮ
22. ਸੰਕਟ ਦੀ ਸਥਿਤੀ ਵਿੱਚ ਪਬਲਿਕ ਹੈਲਥ ਸੇਵਾਵਾਂ
23. ਪੁਲਿਸ/ਸੁਰੱਖਿਆਂ ਅਤੇ ਹੋਰ ਐਮਰਜੈਂਸੀ ਸੇਵਾਵਾਂ (ਫਾਇਰ)

Scanned with CamScanner

24. ਫਸਲਾਂ ਦੀ ਵਾਢੀ ਦੌਰਾਨ ਵਰਤੇ ਜਾਣ ਵਾਲੇ ਸੰਦ/ਕੰਬਾਈਨਾਂ ਅਤੇ ਫਸਲ ਦੀ ਵਾਢੀ ਸਬੰਧੀ ਕੰਮ-ਕਾਜ

25. ਖੇਤੀਬਾੜੀ ਵਿੱਚ ਵਰਤੇ ਜਾਣ ਵਾਲੇ ਸੰਦ ਬਣਾਉਣ ਵਾਲੇ ਯੂਨਿਟ

ਜਿਲ੍ਹੇ ਦੇ ਸਮੂਹ ਢਾਬੇ, ਅਹਾਤੇ ਅਤੇ ਰੈਸਟੋਰੈਂਟ ਵਿਚ ਬੈਠਣ ਦੀ ਸਹੂਲਤ ਨਹੀਂ ਹੋਵੇਗੀ ਅਤੇ ਸਿਰਫ take away meal ਦੀ ਸਹੂਲਤ ਦਿੱਤੀ ਜਾਵੇਗੀ।

ਇਹ ਹੁਕਮ ਮਿਤੀ 21.3.2020 ਦੀ ਰਾਤ 10.00 ਵਜੇ ਤੋਂ ਮਿਤੀ 25.3.2020 ਦੀ ਰਾਤ 12.00 ਵਜੇ ਤੱਕ ਲਾਗੂ ਰਹੇਗਾ।

ਮਾਮਲੇ ਦੀ ਤਤਪਰਤਾ ਨੂੰ ਮੁੱਖ ਰਖਦੇ ਹੋਏ ਇਹ ਹੁਕਮ ਇਕ ਤਰਫਾ ਪਾਸ ਕੀਤਾ ਜਾਂਦਾ ਹੈ ਅਤੇ ਆਮ ਜਨਤਾ ਨੂੰ ਸੰਬੋਧਤ ਕੀਤਾ ਜਾਂਦਾ ਹੈ। ਇਹ ਹੁਕਮ ਜਿਲਾ ਲੋਕ ਸੰਪਰਕ ਅਫਸਰ, ਸੰਗਰੂਰ ਦੀ ਪ੍ਰਚਾਰ ਗੱਡੀ ਰਾਹੀਂ ਪ੍ਰਚਾਰ ਕਰਕੇ ਇਸ ਹੁਕਮ ਦੀਆਂ ਕਾਪੀਆਂ ਵਧੀਕ ਜਿਲਾ ਮੈਜਿਸਟਰੇਟ, ਸੀਨੀਅਰ ਪੁਲਿਸ ਕਪਤਾਨ, ਉਪ ਮੰਡਲ ਮੈਜਿਸਟਰੇਟ, ਤਹਿਸੀਲਦਾਰਾਂ, ਬਲਾਕ ਵਿਕਾਸ ਤੇ ਪੰਚਾਇਤ ਅਫਸਰਾਂ, ਕਾਰਜ ਸਾਧਕ ਅਫਸਰਾਂ ਦੇ ਦਫਤਰਾਂ ਦੇ ਨੋਟਿਸ ਬੋਰਡ ਅਤੇ ਜਨਤਕ ਥਾਵਾਂ ਤੇ ਚਸਪਾ ਕਰਕੇ ਲਾਗੂ ਕੀਤਾ ਜਾਵੇਗਾ।

ਇਹ ਹੁਕਮ ਅੱਜ ਮਿਤੀ 21.3.2020 ਨੂੰ ਮੇਰੇ ਹਸਤਾਖਰਾਂ ਅਤੇ ਅਦਾਲਤੀ ਮੋਹਰ ਹੇਠ ਜਾਰੀ ਕੀਤਾ ਗਿਆ।

DISTRICT MAGISTRATE SANGRUR

(ਘਨਸ਼ਿਆਮ ਥੋਰੀ)ਆਈ.ਏ.ਐਸ.
ਜਿਲ੍ਹਾ ਮੈਜਿਸਟਰੇਟ, ਸੰਗਰੂਰ।

ਪਿ:ਅ:ਨੰ: 4000- 4020 /ਐਮ.ਏ ਮਿਤੀ: 21/03/2020

ਉਪਰੋਕਤ ਦਾ ਉਤਾਰਾ:

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ
2. ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਿਹਤ ਅਤੇ ਪਰਿਵਾਰ ਭਲਾਈ ਵਿਭਾਗ
3. ਕਮਿਸ਼ਨਰ, ਪਟਿਆਲਾ ਮੰਡਲ ਪਟਿਆਲਾ
4. ਜ਼ਿਲਾ ਅਤੇ ਸ਼ੈਸ਼ਨ ਜੱਜ ਸੰਗਰੂਰ
5. ਸੀਨੀਅਰ ਕਪਤਾਨ ਪੁਲਿਸ, ਸੰਗਰੂਰ।
6. ਉਪ ਮੰਡਲ ਮੈਜਿਸਟਰੇਟ, ਸੰਗਰੂਰ/ਸੁਨਾਮ/ਧੂਰੀ/ਮਾਲੇਰਕੋਟਲਾ/ਮੂਨਕ/ਲਹਿਰਾ/ਭਵਾਨੀਗੜ੍ਹ/ਅਹਿਮਦਗੜ੍ਹ/ਦਿੜ੍ਹਬਾ।
7. ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ, ਸੰਗਰੂਰ ਅਤੇ ਸਮੂਹ ਬੀ.ਡੀ.ਪੀ.ਓਜ਼ ਨੂੰ ਨੋਟ ਕਰਾਉਣ ਹਿੱਤ
8. ਸਮੂਹ ਕਾਰਜ ਸਾਧਕ ਅਫਸਰ, ਜਿਲ੍ਹਾ ਸੰਗਰੂਰ ਰਾਂਹੀ ਅਫਸਰ ਇੰਚਾਰਜ ਐਲ.ਐਫ.ਏ, ਸਦਰ ਦਫਤਰ।
9. ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ ਦਫਤਰ ਸੰਗਰੂਰ
10. ਮੁੱਖ ਮੈਡੀਕਲ ਅਫਸਰ, ਸੰਗਰੂਰ।
11. ਜਿਲ੍ਹਾ ਖੇਡ ਅਫਸਰ, ਸੰਗਰੂਰ
12. ਜਿਲ੍ਹਾ ਲੋਕ ਸੰਪਰਕ ਅਫਸਰ ਸੰਗਰੂਰ
13. ਜਿਲਾ ਅਟਾਰਨੀ, ਸੰਗਰੂਰ
14. ਤਹਿਸੀਲਦਾਰ, ਸੰਗਰੂਰ/ਸੁਨਾਮ/ਧੂਰੀ/ਮਾਲੇਰਕੋਟਲਾ/ਮੂਨਕ/ਲਹਿਰਾ/ ਭਵਾਨੀਗੜ੍ਹ/ਅਹਿਮਦਗੜ੍ਹ/ਦਿੜ੍ਹਬਾ।
15. ਸਕੱਤਰ, ਇੰਡੀਅਨ ਰੈਡ ਕਰਾਸ ਸੋਸਾਇਟੀ, ਸੰਗਰੂਰ
16. ਪੀ.ਏ ਟੂ ਡੀ.ਸੀ./ਸਟੈਨੋ ਟੂ ਏ.ਡੀ.ਸੀ./ਏ.ਸੀ.(ਜ)/ਏ.ਸੀ (ਸ਼ਿਕਾਇਤਾਂ) ਪਾਸ ਸੂਚਨਾ ਅਤੇ ਪਾਲਣਾ ਹਿੱਤ।

ਸਹਾਇਕ ਕਮਿਸ਼ਨਰ(ਜ)
ਜਿਲ੍ਹਾ ਮੈਜਿਸਟਰੇਟ,
ਸੰਗਰੂਰ।

Scanned with CamScanner